ਸਾਰਗ ਮਹਲਾ ੫ ॥ ਹਰਿ ਹਰਿ ਦੀਓ ਸੇਵਕ ਕਉ ਨਾਮ ॥ ਮਾਨਸੁ ਕਾ ਕੋ ਬਪੁਰੋ ਭਾਈ ਜਾ ਕੋ ਰਾਖਾ ਰਾਮ ॥੧॥ ਰਹਾਉ ॥ ਆਪਿ ਮਹਾ ਜਨੁ ਆਪੇ ਪੰਚਾ ਆਪਿ ਸੇਵਕ ਕੈ ਕਾਮ ॥ ਆਪੇ ਸਗਲੇ ਦੂਤ ਬਿਦਾਰੇ ਠਾਕੁਰ ਅੰਤਰਜਾਮ ॥੧॥ ਆਪੇ ਪਤਿ ਰਾਖੀ ਸੇਵਕ ਕੀ ਆਪਿ ਕੀਓ ਬੰਧਾਨ ॥ ਆਦਿ ਜੁਗਾਦਿ ਸੇਵਕ ਕੀ ਰਾਖੈ ਨਾਨਕ ਕੋ ਪ੍ਰਭੁ ਜਾਨ ॥੨॥੪੦॥੬੩॥ {ਪੰਨਾ 1216}

ਪਦਅਰਥ:- ਕਉ—ਨੂੰ। ਕਾ ਕੋ ਬਪੁਰੋ—ਕਿਸ ਦਾ ਵਿਚਾਰਾ ਹੈ? ਭਾਈ—ਹੇ ਭਾਈ! ਜਾ ਕੋ—ਜਿਸ (ਮਨੁੱਖ) ਦਾ।1। ਰਹਾਉ।

ਮਹਾ ਜਨੁ—ਮੁਖੀਆ। ਪੰਚਾ—ਮੁਖੀਆ। ਕੈ ਕਾਮ—ਦੇ ਕੰਮਾਂ ਵਿਚ (ਸਹਾਈ ਹੁੰਦਾ ਹੈ)। ਦੂਤ—ਵੈਰੀ। ਬਿਦਾਰੇ—ਤਬਾਹ ਕਰਦਾ ਹੈ। ਅੰਤਰਜਾਮ—ਸਭ ਦੇ ਦਿਲ ਦੀ ਜਾਣਨ ਵਾਲਾ।1।

ਆਪੇ—ਆਪ ਹੀ। ਪਤਿ—ਇੱਜ਼ਤ। ਬੰਧਾਨ—ਬਾਂਧ, ਪੱਕਾ ਨਿਯਮ। ਆਦਿ—ਸ਼ੁਰੂ ਤੋਂ। ਜੁਗਾਦਿ—ਜੁਗਾਂ ਦੇ ਮੁੱਢ ਤੋਂ। ਜਾਨ—ਸੁਜਾਨ, ਜਾਣੀਜਾਣ।2।

ਅਰਥ:- ਹੇ ਭਾਈ! ਆਪਣੇ ਸੇਵਕ ਨੂੰ ਪਰਮਾਤਮਾ ਆਪਣਾ ਨਾਮ ਆਪ ਦੇਂਦਾ ਹੈ। ਹੇ ਭਾਈ! ਜਿਸ ਮਨੁੱਖ ਦਾ ਰਖਵਾਲਾ ਪਰਮਾਤਮਾ ਆਪ ਬਣਦਾ ਹੈ, ਮਨੁੱਖ ਕਿਸ ਦਾ ਵਿਚਾਰਾ ਹੈ (ਕਿ ਉਸ ਦਾ ਕੁਝ ਵਿਗਾੜ ਸਕੇ?)।1। ਰਹਾਉ।

ਹੇ ਭਾਈ! ਪਰਮਾਤਮਾ ਆਪ ਹੀ ਆਪਣੇ ਸੇਵਕ ਦੇ ਕੰਮ ਆਉਂਦਾ ਹੈ, ਆਪ ਹੀ (ਉਸ ਦੇ ਵਾਸਤੇ) ਮੁਖੀਆ ਹੈ। ਅੰਤਰਜਾਮੀ ਮਾਲਕ-ਪ੍ਰਭੂ ਆਪ ਹੀ (ਆਪਣੇ ਸੇਵਕ ਦੇ) ਸਾਰੇ ਵੈਰੀ ਮੁਕਾ ਦੇਂਦਾ ਹੈ।1।

ਹੇ ਭਾਈ! ਪਰਮਾਤਮਾ ਆਪ ਹੀ ਆਪਣੇ ਸੇਵਕ ਦੀ ਇੱਜ਼ਤ ਰੱਖਦਾ ਹੈ, (ਉਸ ਦੀ ਇੱਜ਼ਤ ਬਚਾਣ ਲਈ) ਆਪ ਹੀ ਪੱਕੇ ਨਿਯਮ ਥਾਪ ਦੇਂਦਾ ਹੈ। ਹੇ ਭਾਈ! ਨਾਨਕ ਦਾ ਜਾਣੀਜਾਣ ਪ੍ਰਭੂ ਆਦਿ ਤੋਂ ਜੁਗਾਂ ਦੇ ਆਦਿ ਤੋਂ ਆਪਣੇ ਸੇਵਕ ਦੀ ਇੱਜ਼ਤ ਰੱਖਦਾ ਆਇਆ ਹੈ।2। 40। 63।